ਪੰਜਾਬ ਸਰਕਾਰ ਨੇ ਕੁਲੈਕਟਰ ਰੇਟ ਘਟਾਏ

ਸ਼ਹਿਰੀ ਖੇਤਰਾਂ ਵਿੱਚ 5 ਤੇ ਪੇਂਡੂ ਖੇਤਰਾਂ ਵਿੱਚ 10 ਫ਼ੀਸਦੀ ਤੱਕ ਕਟੌਤੀ-ਡੀ. ਸੀ.

ਤਰਨਤਾਰਨ, 6 ਸਤੰਬਰ :

ਪੰਜਾਬ ਸਰਕਾਰ ਦੇ ਮਾਲ ਤੇ ਮੁੜ ਵਸੇਬਾ ਵਿਭਾਗ ਵੱਲੋਂ ਰਾਜ ਵਿੱਚ ਕੁਲੈਕਟਰ ਰੇਟ ਘਟਾ ਦਿੱਤੇ ਗਏ ਹਨ, ਜਿਸ ਤਹਿਤ ਸ਼ਹਿਰੀ ਖੇਤਰਾਂ ਵਿੱਚ 5 ਫ਼ੀਸਦੀ ਅਤੇ ਪੇਂਡੂ ਖੇਤਰਾਂ ਵਿੱਚ 10 ਫ਼ੀਸਦੀ ਤੱਕ ਕੁਲੈਕਟਰ ਰੇਟਾਂ ਵਿੱਚ ਕਟੌਤੀ ਕੀਤੀ ਗਈ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਮਾਲ ਤੇ ਮੁੜ ਵਸੇਬਾ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਤੇ ਵਿੱਤ ਕਮਿਸ਼ਨਰ ਸ੍ਰੀ ਕਰਨਬੀਰ ਸਿੰਘ ਸਿੱਧੂ ਵੱਲੋਂ ਅੱਜ ਇਸ ਸਬੰਧ ਵਿੱਚ ਜ਼ਿਲਾ ਕੁਲੈਕਟਰਾਂ ਲਈ ਜਾਰੀ ਹਦਾਇਤਾਂ ਵਿੱਚ ਤੁਰੰਤ ਪ੍ਰਭਾਵ ਤੋਂ ਇਹ ਤਬਦੀਲੀ ਲਾਗੂ ਕਰਨ ਲਈ ਆਖਿਆ ਗਿਆ ਹੈ।

ਉਨਾਂ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਉਕਤ ਹਦਾਇਤਾਂ ਦੇ ਮੱਦਨਜ਼ਰ ਕੱਲ ਤੋਂ ਜ਼ਿਲੇ ਵਿੱਚ ਸ਼ਹਿਰੀ ਖੇਤਰਾਂ ਦੀ ਜਾਇਦਾਦ ਦੀਆਂ ਰਜਿਸਟਰੀਆਂ ਮੌਜੂਦਾ ਕੁਲੈਕਟਰ ਰੇਟਾਂ ਨਾਲੋਂ 5 ਫ਼ੀਸਦੀ ਘੱਟ ’ਤੇ ਅਤੇ ਪੇਂਡੂ ਖੇਤਰਾਂ ਦੀ ਜਾਇਦਾਦ ਦੀਆਂ ਰਜਿਸਟਰੀਆਂ ਮੌਜੂਦਾ ਕੁਲੈਕਟਰ ਰੇਟਾਂ ਤੋਂ 10 ਫ਼ੀਸਦੀ ਤੱਕ ਘੱਟ ’ਤੇ ਕੀਤੀਆਂ ਜਾਣਗੀਆਂ। ਉਨਾਂ ਨੇ ਜ਼ਿਲ੍ਹੇ ਦੇ ਸਮੂਹ ਮਾਲ ਅਫ਼ਸਰਾਂ ਨੂੰ ਘਟੇ ਹੋਏ ਕੁਲੈਕਟਰ ਰੇਟਾਂ ਨੂੰ ਤੁਰੰਤ ਪ੍ਰਭਾਵ ਤੋਂ ਲਾਗੂ ਕਰਨ ਲਈ ਆਖਿਆ ਹੈ। ਉਹਨਾਂ ਕਿਹਾ ਕਿ ਇਹ ਘਟੇ ਹੋਏ ਕੁਲੈਕਟਰ ਰੇਟ ਕੇਵਲ ਮੁੱਢਲੀਆਂ ਜ਼ਮੀਨੀ ਕੀਮਤਾਂ ’ਤੇ ਹੀ ਲਾਗੂ ਹੋਣਗੇ, ਨਾ ਕਿ ਸੁਪਰ ਸਟ੍ਰਕਚਰਾਂ ’ਤੇ।

--------------